# ਵਰਲਡ ਪੰਜਾਬੀ ਟਾਈਮਜ਼

# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਬਾਬਾ ਸ਼ੇਖ ਫ਼ਰੀਦ ਜੀ ਦੇ 57ਵੇਂ ਆਗਮਨ-ਪੁਰਬ ਦੀ ਸਫ਼ਲਤਾ ਵਿੱਚ ਬਾਬਾ ਫ਼ਰੀਦ ਪਬਲਿਕ ਸਕੂਲ ਅਤੇ ਕਾਲਜ਼ ਦੇ ਸਟਾਫ਼ ਅਤੇ ਵਿਦਿਆਰਥੀਆਂ ਦਾ ਅਹਿਮ ਯੋਗਦਾਨ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ




ਫ਼ਰੀਦਕੋਟ, 25 ਸਤੰਬਰ : ਬਾਬਾ ਸ਼ੇਖ ਫ਼ਰੀਦ ਜੀ ਦੇ 57ਵੇਂ ਆਗਮਨ-ਪੁਰਬ 2026 ਨੂੰ ਸ਼ਰਧਾ, ਸ਼ਾਂਤੀ ਅਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਜਿੱਥੇ ਵੱਖ-ਵੱਖ ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ, ਉੱਥੇ ਬਾਬਾ ਫ਼ਰੀਦ ਪਬਲਿਕ ਸਕੂਲ ਅਤੇ ਕਾਲਜ਼ ਦੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਵੀ ਪੂਰੀ ਤਨਦੇਹੀ, ਸ਼ਰਧਾ ਅਤੇ ਉਤਸ਼ਾਹ ਨਾਲ ਆਪਣਾ ਵਡਮੁੱਲਾ ਯੋਗਦਾਨ ਪਾਇਆ।

ਬਾਬਾ ਫ਼ਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ ਦੇ ਚੇਅਰਮੈਨ ਸ. ਸਿਮਰਜੀਤ ਸਿੰਘ ਸੇਖੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜ ਰੋਜ਼ਾ ਆਗਮਨ-ਪੁਰਬ ਦੌਰਾਨ ਧਾਰਮਿਕ ਅਤੇ ਸੱਭਿਆਚਾਰਕ ਸਮਾਗਮਾਂ ਦੇ ਨਾਲ-ਨਾਲ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਲਈ ਲੇਖ ਲਿਖਣ, ਪ੍ਰਸ਼ਨੋਤਰੀ, ਭਾਸ਼ਣ ਅਤੇ ਸ਼ਬਦ ਗਾਇਨ ਮੁਕਾਬਲੇ ਵੀ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਅਤੇ ਉਤਸ਼ਾਹ-ਵਧਾਊ ਇਨਾਮ ਲਈ ਚੁਣੇ ਗਏ ਵਿਦਿਆਰਥੀਆਂ ਨੂੰ ਕ੍ਰਮਵਾਰ 10,000, 7,000, 5,000 ਅਤੇ 2,100 ਰੁਪਏ ਦੀ ਨਕਦ ਰਾਸ਼ੀ ਦੇ ਨਾਲ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

ਇਨ੍ਹਾਂ ਵਿੱਦਿਅਕ ਮੁਕਾਬਲਿਆਂ ਵਿੱਚ ਬਾਬਾ ਫ਼ਰੀਦ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਲੇਖ ਲਿਖਣ ਮੁਕਾਬਲੇ ਵਿੱਚ ਮਨਕਰਨ ਜੋਤ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ, ਜਦਕਿ ਹਰਮਨਜੋਤ ਕੌਰ ਨੇ ਉਤਸ਼ਾਹ-ਵਧਾਊ ਇਨਾਮ ਪ੍ਰਾਪਤ ਕੀਤਾ। ਪ੍ਰਸ਼ਨੋਤਰੀ ਮੁਕਾਬਲੇ ਵਿੱਚ ਹਰਮਨਦੀਪ ਕੌਰ ਅਤੇ ਮਨਦੀਪ ਕੌਰ ਨੇ ਉਤਸ਼ਾਹ-ਵਧਾਊ ਇਨਾਮ ਹਾਸਲ ਕੀਤਾ। ਭਾਸ਼ਣ ਮੁਕਾਬਲੇ ਵਿੱਚ ਹਰਲੀਨ ਕੌਰ ਅਤੇ ਮਨਤੇਗ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਸ਼ਬਦ ਗਾਇਨ ਮੁਕਾਬਲੇ ਵਿੱਚ ਬਾਬਾ ਫ਼ਰੀਦ ਪਬਲਿਕ ਸਕੂਲ ਦੀ ਟੀਮ ਨੇ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ। ਆਗਮਨ-ਪੁਰਬ ਦੇ ਪਹਿਲੇ ਦਿਨ, 19 ਸਤੰਬਰ ਨੂੰ ਟਿੱਲਾ ਬਾਬਾ ਸ਼ੇਖ ਫ਼ਰੀਦ ਜੀ ਵਿਖੇ ਕਰਵਾਏ ਗਏ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਵਿੱਚ ਸਕੂਲ ਦੇ ਅਧਿਆਪਕਾਂ ਨੇ ਸ਼ਰਧਾ ਸਹਿਤ ਹਾਜ਼ਰੀ ਭਰੀ ਅਤੇ ਪਾਠ ਸਰਵਣ ਕੀਤਾ। ਇਸੇ ਤਰ੍ਹਾਂ ਗੁਰਦੁਆਰਾ ਗੋਦੜੀ ਸਾਹਿਬ ਵਿਖੇ ਸਕੂਲ ਅਤੇ ਕਾਲਜ਼ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਲੰਗਰ ਦੀ ਸੇਵਾ ਵੀ ਪੂਰੀ ਸ਼ਰਧਾ ਅਤੇ ਤਨਦੇਹੀ ਨਾਲ ਨਿਭਾਈ ਗਈ। ਟਿੱਲਾ ਬਾਬਾ ਸ਼ੇਖ ਫ਼ਰੀਦ ਜੀ ਤੋਂ ਆਰੰਭ ਹੋਏ ਵਿਸ਼ਾਲ ਨਗਰ ਕੀਰਤਨ ਵਿੱਚ ਵੀ ਬਾਬਾ ਫ਼ਰੀਦ ਪਬਲਿਕ ਸਕੂਲ ਦੇ ਵਿਦਿਆਰਥੀਆਂ ਦੀ ਵਿਸ਼ੇਸ਼ ਭਾਗੀਦਾਰੀ ਰਹੀ। ਖਾਲਸਾਈ ਰੂਪ ਵਿੱਚ ਸਜੇ ਛੋਟੇ ਸਿੰਘਾਂ ਦੇ ਨਾਲ-ਨਾਲ ਡਾਂਡੀਆ, ਲੇਜ਼ੀਅਮ ਅਤੇ ਐਨ.ਸੀ.ਸੀ. ਦੇ ਵਿਦਿਆਰਥੀਆਂ ਨੇ ਪੂਰੀ ਸ਼ਰਧਾ, ਮਰਿਆਦਾ ਅਤੇ ਅਨੁਸ਼ਾਸਨ ਨਾਲ ਨਗਰ ਕੀਰਤਨ ਵਿੱਚ ਆਪਣਾ ਯੋਗਦਾਨ ਪਾਇਆ। ਵੱਡੀ ਗਿਣਤੀ ਵਿੱਚ ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਦੌਰਾਨ ਵਿਦਿਆਰਥੀਆਂ ਨੇ ਬਾਬਾ ਸ਼ੇਖ ਫ਼ਰੀਦ ਜੀ ਪ੍ਰਤੀ ਆਪਣੀ ਅਥਾਹ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਸਿਰਫ਼ ਧਾਰਮਿਕ ਸ਼ਰਧਾ ਦਾ ਹੀ ਪ੍ਰਗਟਾਵਾ ਨਹੀਂ ਕੀਤਾ, ਸਗੋਂ ਸਾਫ਼-ਸਫ਼ਾਈ ਪ੍ਰਤੀ ਜਾਗਰੂਕਤਾ ਦਾ ਸੁਨੇਹਾ ਦਿੰਦਿਆਂ ਸ਼ਹਿਰ ਵਾਸੀਆਂ ਨੂੰ ਫ਼ਰੀਦਕੋਟ ਨਗਰੀ ਨੂੰ ਸਾਫ਼-ਸੁਥਰਾ ਰੱਖਣ ਲਈ ਵੀ ਪ੍ਰੇਰਿਤ ਕੀਤਾ। ਵਿਦਿਆਰਥੀਆਂ ਵੱਲੋਂ ਬਾਬਾ ਸ਼ੇਖ ਫ਼ਰੀਦ ਜੀ ਦੀਆਂ ਮਹਾਨ ਸਿੱਖਿਆਵਾਂ ਅਤੇ ਸਰਬ-ਸਾਂਝੀਵਾਲਤਾ, ਪਿਆਰ, ਭਾਈਚਾਰੇ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਜਾਗਰ ਕੀਤਾ ਗਿਆ।

ਪੰਜ ਰੋਜ਼ਾ ਆਗਮਨ-ਪੁਰਬ ਦੇ ਸਮਾਗਮਾਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਕੂਲ ਅਤੇ ਕਾਲਜ਼ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਸੌਂਪੀਆਂ ਗਈਆਂ ਵੱਖ-ਵੱਖ ਜ਼ਿੰਮੇਵਾਰੀਆਂ ਨੂੰ ਪੂਰੀ ਲਗਨ, ਤਨਦੇਹੀ ਅਤੇ ਅਨੁਸ਼ਾਸਨ ਨਾਲ ਬਾਖੂਬੀ ਨਿਭਾਇਆ। ਇਸ ਮੌਕੇ ਬਾਬਾ ਫ਼ਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ ਦੇ ਮੈਂਬਰ ਸ. ਚਰਨਜੀਤ ਸਿੰਘ ਸੇਖੋਂ, ਸ. ਸੁਰਿੰਦਰ ਸਿੰਘ ਰੋਮਾਣਾ, ਸ. ਦੀਪਿੰਦਰ ਸਿੰਘ ਸੇਖੋਂ, ਸ. ਗੁਰਜਾਪ ਸਿੰਘ ਸੇਖੋਂ, ਸਰਦਾਰਨੀ ਰਾਜਪਾਲ ਕੌਰ ਸੇਖੋਂ, ਡਾ. ਗੁਰਿੰਦਰ ਮੋਹਨ ਸਿੰਘ, ਸ. ਕੁਲਜੀਤ ਸਿੰਘ ਮੌਂਗੀਆ ਅਤੇ ਸ. ਨਰਿੰਦਰਪਾਲ ਸਿੰਘ ਬਰਾੜ ਨੇ ਸਕੂਲ ਅਤੇ ਕਾਲਜ਼ ਦੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਦਿਖਾਈ ਗਈ ਸ਼ਰਧਾ, ਸੇਵਾ-ਭਾਵਨਾ, ਸਮਰਪਣ ਅਤੇ ਅਨੁਸ਼ਾਸਨ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਨੇ ਬਾਬਾ ਸ਼ੇਖ ਫ਼ਰੀਦ ਜੀ ਦੇ ਚਰਨਾਂ ਵਿੱਚ ਅਰਦਾਸ ਕਰਦਿਆਂ ਕਿਹਾ ਕਿ ਪਰਮਾਤਮਾ ਇਨ੍ਹਾਂ ਵਿੱਦਿਅਕ ਸੰਸਥਾਵਾਂ ਉੱਤੇ ਆਪਣਾ ਮਿਹਰ ਭਰਿਆ ਹੱਥ ਬਣਾਈ ਰੱਖਣ ਅਤੇ ਭਵਿੱਖ ਵਿੱਚ ਵੀ ਸਿੱਖਿਆ, ਸੇਵਾ, ਸੰਸਕਾਰ ਅਤੇ ਸਮਾਜ ਭਲਾਈ ਦੇ ਖੇਤਰ ਵਿੱਚ ਹੋਰ ਵਧੀਆ ਕਾਰਗੁਜ਼ਾਰੀ ਕਰਨ ਲਈ ਬਲ ਬਖ਼ਸ਼ਣ।

## ਮੇਰਾ ਯੁਵਾ ਭਾਰਤ ਫਰੀਦਕੋਟ, ਪੰਜਾਬ ਵੱਲੋਂ ਪੰਡਿਤ ਦੀਨ ਦਿਆਲ ਉਪਾਧਿਆਏ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ

ਵਰਲਡ ਪੰਜਾਬੀ ਟਾਈਮਜ਼



ਫਰੀਦਕੋਟ 25 ਸਤੰਬਰ : ਮੇਰਾ ਯੁਵਾ ਭਾਰਤ ਫਰੀਦਕੋਟ, ਪੰਜਾਬ ਵੱਲੋਂ ਪੰਡਿਤ ਦੀਨ ਦਿਆਲ ਉਪਾਧਿਆਏ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ।

ਮੇਰਾ ਯੁਵਾ ਭਾਰਤ ਫਰੀਦਕੋਟ (ਭਾਰਤ ਸਰਕਾਰ) ਦੇ ਜ਼ਿਲ੍ਹਾ ਯੂਥ ਅਫਸਰ ਸ੍ਰੀ ਵਰਦੀਪ ਕੋਰ ਸੰਧੂ ਅਤੇ ਸਰਕਾਰੀ ਆਈ ਟੀ ਆਈ ਫਰੀਦਕੋਟ ਦੇ ਪ੍ਰਿੰਸੀਪਲ ਸ੍ਰੀ ਗੁਰਪ੍ਰੀਤ ਸਿੰਘ ਜੋਤੀ ਅਤੇ ਸਰਦਾਰ ਮਨਜੀਤ ਸਿੰਘ ਭੁੱਲਰ ਲੇਖਾ ਅਤੇ ਪ੍ਰੋਗਰਾਮ ਸੁਪਰਵਾਈਜ਼ਰ ਅਫਸਰ ਦੀ ਦੇਖ ਰੇਖ ਹੇਠ, ਸਰਕਾਰੀ ਆਈ ਟੀ ਆਈ ਫਰੀਦਕੋਟ ਵਿਖੇ ਮਨਾਇਆ ਗਿਆ।

ਇਸ ਮੌਕੇ ਤੇ ਸ੍ਰੀ ਮਨਜੀਤ ਸਿੰਘ ਭੁੱਲਰ ਜੀ ਨੇ ਸਿਖਿਆਰਥੀਆਂ ਨੂੰ ਪੰਡਿਤ ਦੀਨ ਦਿਆਲ ਉਪਾਧਿਆਏ ਜੀ ਦੇ ਜੀਵਨ ਤੇ ਰੋਸ਼ਨੀ ਪਾਈ ਅਤੇ ਸਮਾਜ ਸੇਵਾ ਅਤੇ ਦੇਸ਼ ਸੇਵਾ ਵਿਚ ਪਾਏ ਯੋਗਦਾਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਸਿਖਿਆਰਥੀਆਂ ਨੂੰ ਦੇਸ਼ ਭਗਤੀ ਲਈ ਜਾਗਰੂਕ ਕੀਤਾ ਗਿਆ।

ਇਸ ਮੌਕੇ ਤੇ ਭਾਸ਼ਣ ਮੁਕਾਬਲੇ ਕਰਵਾਏ ਗਏ। ਇਸ ਪ੍ਰੋਗਰਾਮ ਵਿੱਚ ਆਈ ਟੀ ਆਈ ਫਰੀਦਕੋਟ ਦੇ ਲੜਕੇ ਅਤੇ ਲੜਕੀਆਂ ਨੇ ਭਾਗ ਲਿਆ।

ਇਸ ਮੌਕੇ ਤੇ ਭਾਸ਼ਣ ਮੁਕਾਬਲੇ ਵਿੱਚ ਪਹਿਲਾਂ, ਦੂਜੇ ਅਤੇ ਤੀਜੇ ਸਥਾਨ ਤੇ ਆਉਣ ਵਾਲੇ ਲੜਕੇ ਅਤੇ ਲੜਕੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਨਾਮਾਂ ਦੀ ਵੰਡ ਪ੍ਰਿੰਸੀਪਲ ਸ੍ਰੀ ਗੁਰਪ੍ਰੀਤ ਸਿੰਘ ਜੋਤੀ ਜੀ ਵੱਲੋਂ ਕੀਤੀ ਗਈ।

ਇਸ ਮੌਕੇ ਤੇ ਬੋਲਦਿਆਂ ਪ੍ਰਿੰਸੀਪਲ ਸ੍ਰੀ ਗੁਰਪ੍ਰੀਤ ਸਿੰਘ ਜੋਤੀ ਵਲੋਂ ਸਿਖਿਆਰਥੀਆਂ ਵਲੋਂ ਉਤਸ਼ਾਹ ਪੂਰਨ ਭਾਗੀਦਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨੋਜਵਾਨਾ ਵੱਲੋਂ ਸਮਾਜ ਸੇਵਾ ਅਤੇ ਦੇਸ਼ ਸੇਵਾ ਵਿਚ ਵੱਧ ਤੋਂ ਵੱਧ ਹਿੱਸਾ ਪਾਉਣਾ ਚਾਹੀਦਾ ਹੈ। ਨੋਜਵਾਨਾ ਨੂੰ ਸਿਹਤਮੰਦ, ਮਜ਼ਬੂਤ, ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿਚ ਯੋਗਦਾਨ ਪਾਉਣ ਲਈ ਅੱਗੇ ਆਉਣਾ ਚਾਹੀਦਾ ਹੈ।

ਇਸ ਮੌਕੇ ਇੰਸ ਗੁਰਜੰਟ ਸਿੰਘ ਨੇ ਸਿਖਿਆਰਥੀਆਂ ਨੂੰ ਮੇਰਾ ਭਾਰਤ ਪੋਰਟਲ। ਦੀ ਜਾਣਕਾਰੀ ਦਿੱਤੀ ਗਈ ਅਤੇ ਇਸ ਤੇ ਰਜਿਸਟਰ ਹੋਣ ਲਈ ਪ੍ਰੇਰਿਤ ਕੀਤਾ ਗਿਆ। ਵਿਕਸਤ ਭਾਰਤ ਯੰਗ ਲੀਡਰ ਡਾਇਲਾਗ 2027 ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਤੇ ਮੈਡਮ ਪੂਜਾ ਵੱਲੋਂ ਸਿਖਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ ਸੇਵਾ ਅਤੇ ਦੇਸ਼ ਸੇਵਾ ਵਿਚ ਹਿੱਸਾ ਪਾਉਂਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਤੇ ਸਿਖਿਆਰਥੀ ਅਤੇ ਸਾਰਾ ਸਟਾਫ ਹਾਜ਼ਰ ਸੀ।ਪ੍ਰੋਗਰਾਮ ਦੇ ਅਖੀਰ ਵਿਚ ਸਮੂੰਹ ਸਟਾਫ਼ ਅਤੇ ਸਿਖਿਆਰਥੀਆਂ ਦਾ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਧੰਨਵਾਦ ਕੀਤਾ ਗਿਆ।

## ਵਿਸ਼ਵ ਪੰਜਾਬੀ ਭਵਨ ਕੈਨੇਡਾ ਵੱਲੋਂ ਬਰਾਂਪਟਨ ਵਿਖੇ ਪੰਜਾਬੀ ਕਿਤਾਬਾਂ ਦੀ ਸਭ ਤੋਂ ਵੱਡੀ ਦੱਸ ਰੋਜ਼ਾ ਪ੍ਰਦਰਸ਼ਨੀ ਦਾ ਉਦਘਾਟਨ ਪਾਰਿ ਲੇਖਕ ਬਾਬਾ ਨਜਮੀ ਨੇ ਕੀਤਾ।

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾਃ 25 ਸਤੰਬਰ : ਲੁਧਿਆਣਾ ਅਤੇ ਕੈਨੇਡਾ ਵਿੱਚ ਪੰਜਾਬੀ ਪੁਸਤਕ ਪ੍ਰਕਾਸ਼ਨ ਤੇ ਵਿਤਰਣ ਦੇ ਸਰਵੋਤਮ ਅਦਾਰੇ ਚੇਤਨਾ ਪ੍ਰਕਾਸ਼ਨ ਦੇੱ ਸਹਿਯੋਗ ਨਾਲ ਵਿਸ਼ਵ ਪੰਜਾਬੀ ਭਵਨ ਵਿਖੇ ਵਿਸ਼ਾਲ ਪੁਸਤਕ ਪ੍ਰਦਰਸ਼ਨੀ ਦਾ ਉਦਘਾਟਨ ਪਾਕਿਸਤਾਨ ਮੂਲ ਦੇ ਸਰਵੋਤਮ ਪੰਜਾਬੀ ਕਵੀ ਬਾਬਾ ਨਜਮੀ, ਪੰਜਾਬ ਤੋਂ ਗਏ ਸਾਬਕਾ ਐਕਸਾਈਜ਼ ਤੇ ਟੈਕਸੇਸ਼ਨ ਵਿਭਾਗ ਦੇ ਐਡੀਸ਼ਨਲ ਕਮਿਸ਼ਨਰ ਸ. ਗੁਰਤੇਜ ਸਿੰਘ, ਵਿਸ਼ਵ ਪੰਜਾਬੀ ਭਵਨ ਦੇ ਬਾਨੀ ਚੇਅਰਮੈਨ ਡਾ. ਦਲਬੀਰ ਸਿੰਘ ਕਥੂਰੀਆ ਨੇ ਕੀਤਾ।

ਚੇਤਨਾ ਪ੍ਰਕਾਸ਼ਨ ਦੇ ਮਾਲਕ ਸਤੀਸ਼ ਗੁਲਾਟੀ ਨੇ ਕਿਹਾ ਕਿ ਉਨ੍ਹਾਂ ਦੀ ਸਹਿਯੋਗੀ ਕੰਪਨੀ ਗੁਲਾਟੀ ਪਬਲਿਸ਼ਰਜ਼ ਵੱਲੋਂ ਇਹ ਪ੍ਰਦਰਸ਼ਨੀ ਡਾ. ਦਲਬੀਰ ਸਿੰਘ ਕਥੂਰੀਆ ਜੀ ਦੇ ਸੱਦੇ ਤੇ ਲਗਾਈ ਗਈ ਹੈ ਤਾਂ ਜੋ ਅਕਤੂਬਰ ਦੇ ਪਹਿਲੇ ਹਫ਼ਤੇ ਕਰਵਾਈ ਜਾ ਰਹੀ ਸੱਤਵੀਂ ਵਿਸ਼ਵ ਪੰਜਾਬੀ ਕਾਨਫਰੰਸ ਦੇ ਦੁਨੀਆਂ ਭਰ ਵਿੱਚੋਂ ਆਉਣ ਵਾਲੇ ਡੈਲੀਗੇਟ ਪੰਜਾਬੀ ਕਿਤਾਬਾਂ ਹਾਸਲ ਕਰ ਸਕਣ। ਬਰਾਂਪਟਨ (ਕੈਨੇਡਾ) ਵਾਸੀਆਂ ਦੀ ਸਹੂਲਤ ਲਈ ਅੱਜ ਤੋਂ ਹੀ ਵਿਸ਼ਵ ਪੰਜਾਬੀ ਭਵਨ’, ਬਰੈਂਪਟਨ ਵਿਖੇ ਪੁਸਤਕ ਪ੍ਰਦਰਸ਼ਨੀ ਆਰੰਭ ਹੋ ਗਈ ਹੈ। ਚੇਤਨਾ ਪ੍ਰਕਾਸ਼ਨ (ਪੰਜਾਬੀ ਭਵਨ, ਲੁਧਿਆਣਾ) ਵੱਲੋਂ ਲਗਾਈ ਗਈ ਇਸ ਪ੍ਰਦਰਸ਼ਨੀ ਵਿੱਚ 2000 ਤੋਂ ਵੱਧ ਟਾਈਟਲ ਰੱਖੇ ਗਏ ਹਨ, ਜਿਨ੍ਹਾਂ ਵਿੱਚ ਪ੍ਰਿੰਸੀਪਲ ਸੰਤ ਸਿੰਘ ਸੇਖੋਂ,ਸ, ਜਸਵੰਤ ਸਿੰਘ ਕੰਵਲ, ਪ੍ਰਿੰਸੀਪਲ ਸਰਵਣ ਸਿੰਘ,ਡਾ. ਵਰਿਆਮ ਸਿੰਘ ਸੰਧੂ,ਸ. ਗੁਰਸ਼ਰਨ ਸਿੰਘ ਨਾਟਕਕਾਰ, ਮਨਮੋਹਨ ਬਾਵਾ, ਅੰਮ੍ਰਿਤਾ ਪ੍ਰੀਤਮ, ਸੁਖਵਿੰਦਰ ਅੰਮ੍ਰਿਤ, ਡਾ. ਮਨਮੋਹਨ, ਗੁਰਤੇਜ ਕੋਹਾਰਵਾਲਾ,ਸੁਰਜੀਤ ਪਾਤਰ, ਤ੍ਰੈਲੋਚਨ ਲੋਚੀ, ਮਨਜਿੰਦਰ ਧਨੋਆ,ਜਗਵਿੰਦਰ ਜੋਧਾ, ਗੁਰਭਜਨ ਗਿੱਲ, ਬਾਬਾ ਨਜਮੀ, ਤਾਹਿਰਾ ਸਰਾ, ਸੁਗਰਾ ਸੱਦਫ਼, ਬੁਸ਼ਰਾ ਐਜਾਜ ਤੇ ਨਿੰਦਰ ਘੁਗਿਆਣਵੀ ਸਮੇਤ ਨਵੇਂ ਪੁਰਾਣੇ ਲੇਖਕਾਂ ਦੀਆਂ ਦਰਜਨਾਂ ਪੁਸਤਕਾਂ ਸ਼ਾਮਲ ਹਨ।

ਇਸ ਪ੍ਰਦਰਸ਼ਨੀ ਦਾ ਉਦਘਾਟਨ ਵੇਲੇ ਪਾਕਿਸਤਾਨੀ ਪੰਜਾਬ ਦੇ ਨਾਮਵਰ ਪੰਜਾਬੀ ਸ਼ਾਇਰ ਬਾਬਾ ਨਜ਼ਮੀ, ਪੰਜਾਬੀ ਸਭਾ ਦੇ ਚੇਅਰਮੈਨ ਦਲਬੀਰ ਸਿੰਘ ਕਥੂਰੀਆ, ਡਾ. ਦਰਸ਼ਨਦੀਪ ਅਰੋੜਾ. ਕੰਵਲਜੀਤ ਸਿੰਘ ਦੀਪ,ਡਾ. ਜਗਦੀਪ ਸਿੰਘ, ਐਡੀਸ਼ਨਲ ਐਕਸਾਈਜ਼ ਤੇ ਟੈਕਸੇਸ਼ਨ ਕਮਿਸ਼ਨਰ ਗੁਰਤੇਜ ਸਿੰਘ, ਪਾਕਿ ਗਾਇਕ ਹੁਸਨੈਨ ਲਾਹੌਰ, ਜਸਵਿੰਦਰ ਬਿੱਟਾ ,ਸਤਿਬੀਰ ਸਿੰਘ ਸਿੱਧੂ ਅਤੇ ਸਤੀਸ਼ ਗੁਲਾਟੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਇਹ ਪ੍ਰਦਰਸ਼ਨੀਆਂ ਦਿਨ ਜਾਰੀ ਰਹੇਗੀ।

ਇਸ ਮੌਕੇ ਵੱਡੀ ਗਿਣਤੀ ’ਚ ਪੰਜਾਬੀ ਪਾਠਕਾਂ ਨੇ ਆਪਣੇ ਮਨਪਸੰਦ ਲੇਖਕਾਂ ਦੀਆਂ ਕਿਤਾਬਾਂ ਖ਼ਰੀਦੀਆਂ।

## ਜੱਜ ਸੰਧੂ ਰਚਿਤ ਪਿੰਡ ਕੰਧ ਵਾਲਾ ਹਾਜ਼ਰ ਖਾਂ (ਫ਼ਾਜ਼ਿਲਕਾ)ਵਿੱਚ ਬਾਬਾ ਬੁੱਲ੍ਹੇ ਸ਼ਾਹ ਯਾਦਗਾਰ ਬਾਰੇ ਇਤਿਹਾਸ ਮੂਲਕ ਕਿਤਾਬ “ਮਹਿਕਦਾ ਗੁਲਾਬ” ਪ੍ਰੋ. ਗੁਰਭਜਨ ਸਿੰਘ ਗਿੱਲ ਵੱਲੋਂ ਲੁਧਿਆਣਾ ਵਿੱਚ ਲੋਕ ਅਰਪਣ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾਃ 25 ਸਤੰਬਰ : ਪੰਜਾਬੀ ਲੋਕ ਗਾਇਕ ਤੇ ਲੇਖਕ ਜੱਜ ਸੰਧੂ ਰਚਿਤ ਪੁਸਤਕ ਸੂਫ਼ੀ ਸੰਤ ਫ਼ਕੀਰ ਬਾਬਾ ਬੁੱਲ੍ਹੇਸ਼ਾਹ ਦੀ ਭਾਰਤੀ ਪੰਜਾਬ ਵਿੱਚ ਪਿੰਡ ਕੰਧ ਵਾਲ਼ਾ ਹਾਜ਼ਰ ਖਾਂ (ਫਾਜ਼ਿਲਕਾ) ਵਿਖੇ ਬਣੀ ਯਾਦਗਾਰ ਬਾਰੇ ਕਿਤਾਬ “ਮਹਿਕਦਾ ਗੁਲਾਬ” ਨੂੰ ਲੋਕ ਅਰਪਣ ਕਰਦਿਆਂ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਹੈ ਕਿ ਬਾਬਾ ਬੁੱਲ੍ਹੇ ਸ਼ਾਹ ਸਾਡੀ ਸਾਂਝੀ ਪੰਜਾਬੀ ਲੋਕ ਵਿਰਾਸਤ ਦੇ ਉੱਚੇ ਮੀਨਾਰ ਹਨ। ਉਨ੍ਹਾਂ ਦੀ ਯਾਦ ਵਿੱਚ ਪਿੰਡ ਕੰਧ ਵਾਲਾ ਹਾਜ਼ਰ ਖਾਂ ਵਿਖੇ ਬਣੀ ਯਾਦਗਾਰ ਦੇ ਹਵਾਲੇ ਨਾਲ ਇਹ ਕਿਤਾਬ ਦੋਹਾਂ ਦੇਸ਼ਾਂ ਵਿਚਕਾਰ ਮਜ਼ਬੂਤ ਪੁਲ਼ ਦਾ ਯਾਦਗਾਰੀ ਕੰਮ ਕਰੇਗੀ।

ਪੰਜਾਬੀ ਲੋਕ ਗਾਇਕ ਜੱਜ ਸੰਧੂ ਨੇ ਦੱਸਿਆ ਕਿ ਇਸ ਕਿਤਾਬ ਨੂੰ ਲਿਖਣ ਦੀ ਰੀਝ ਮੇਰੇ ਮਨ ਵਿੱਚ ਬਚਪਨ ਤੋਂ ਹੀ ਸੀ ਪਰ ਮੇਰੇ ਮਿੱਤਰ ਪ੍ਰੀਤ ਸਿੱਧੂ ਦੀ ਪ੍ਰੇਰਨਾ ਇਹ ਕਾਰਜ ਕਰਵਾ ਸਕੀ।

ਕਿਤਾਬ ਲੋਕ ਅਰਪਣ ਕਰਦਿਆਂ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਜ਼ਿਲ੍ਹਾ ਫ਼ਾਜ਼ਿਲਕਾ ਦੇ ਸ਼ਰਹੱਦੀ ਪਿੰਡ ਕੰਧ ਵਾਲਾ ਹਾਜ਼ਰ ਖਾਂ ਵਿੱਚ ਹੁੰਦੇ ਬਾਬਾ ਬੁੱਲ੍ਹੇ ਸ਼ਾਹ ਮੇਲੇ ਬਾਰੇ ਤਾਂ ਸ. ਜਗਦੇਵ ਸਿੰਘ ਜੱਸੋਵਾਲ ਜੀ ਤੋਂ ਸੁਣਿਆ ਹੋਇਆ ਸੀ ਪਰ ਇਸ ਕਿਤਾਬ ਰਾਹੀਂ ਮੇਲੇ ਦੀ ਇਤਿਹਾਸਕਤਾ ਅਤੇ ਪਿਛਵਾੜੇ ਬਾਰੇ ਵਧੀਆ ਜਾਣਕਾਰੀ ਮਿਲੀ ਹੈ। ਕਿਤਾਬ ਤੋਂ ਹੀ ਪਤਾ ਲੱਗਾ ਹੈ ਕਿ ਬਾਬਾ ਬੁੱਲ੍ਹੇ ਸ਼ਾਹ ਦੇ ਨੇੜਲੇ ਪਿੰਡ ਜੀਆ ਬੱਗਾ ਤੋਂ 1947 ਵਿੱਚ ਉੱਜੜ ਕੇ ਆਏ ਬਾਪੂ ਗੁਲਾਬ ਸਿੰਘ ਸੰਧੂ ਕਈ ਵਾਰ ਪਾਂਡੋ ਕੀ ਵਿਖੇ ਬਾਬਾ ਜੀ ਦੇ ਮਜ਼ਾਰ ਤੇ ਗਏ ਅਤੇ 1970 ਵਿੱਚ ਉੱਥੋਂ ਇੱਕ ਇੱਟ ਲਿਆ ਕੇ ਕੰਧ ਵਾਲਾ ਹਾਜ਼ਰ ਖਾਂ ਵਿਖੇ ਪਿੰਡ ਦੀ ਮਦਦ ਨਾਲ ਬਾਬਾ ਬੁੱਲ੍ਹੇਸ਼ਾਹ ਦੀ ਯਾਦਗਾਰ ਉਸਾਰ ਦਿੱਤੀ ਅਤੇ ਅਗਲੇ ਸਾਲ ਤੋਂ ਸਾਲਾਨਾ ਬਾਬਾ ਬੁੱਲ੍ਹੇ ਸ਼ਾਹ ਯਾਦਗਾਰੀ ਮੇਲਾ ਆਰੰਭਿਆ। ਲਗਪਗ ਤਿੰਨ ਚਾਰ ਅਕੜ ਰਕਬੇ ਵਿੱਚ ਬਣੀ ਇਸ ਯਾਦਗਾਰ ਵਿੱਚ ਸਟੇਜ ਤੇ ਪੱਕਾ ਪੰਡਾਲ ਹੈ। ਜੱਜ ਸੰਧੂ ਨੇ ਦੱਸਿਆ ਕਿ ਸ. ਜਗਦੇਵ ਸਿੰਘ ਜੱਸੋਵਾਲ ਲਗਾਤਾਰ ਦਸ ਪੰਦਰਾਂ ਸਾਲ ਇਸ ਮੇਲੇ ਤੇ ਪਹੁੰਚ ਕੇ ਸਰਪ੍ਰਸਤੀ ਦੇਦੇ ਰਹੇ ਹਨ।

ਬਾਪੂ ਗੁਲਾਬ ਸਿੰਘ ਜੀਆ ਬੱਗਾ ਦਾ ਪਰਿਵਾਰ ਅਤੇ ਪਿੰਡ ਦੇ ਸਭ ਲੋਕ ਆਪਣੇ ਸਿਰ ਤੇ ਹੀ ਇਹ ਮੇਲਾ ਕਰਵਾਉਂਦੇ ਹਨ। ਉਸਤਾਦ ਲਾਲ ਚੰਦ ਯਮਲਾ ਜੱਟ ਨੇ ਵੀ ਆਪਣੀ ਅਖੀਰਲੀ ਗਾਇਨ ਪੇਸ਼ਕਾਰੀ ਇਸੇ ਮੇਲੇ ਵਿੱਚ ਕੀਤੀ ਸੀ।

ਜੱਜ ਸੱਧੂ ਨਾਲ ਆਏ ਉਸ ਦੇ ਮਿੱਤਰ ਅਤੇ ਨੌਜਵਾਨ ਫਿਲਮ ਸਾਜ਼ ਪ੍ਰੀਤ ਸਿੰਧੂ ਨੇ ਦੱਸਿਆ ਕਿ ਜੱਜ ਸੰਧੂ ਦੀ ਆਵਾਜ਼ ਵਿੱਚ ਪਿੰਡ ਕੰਧ ਵਾਲਾ ਹਾਜ਼ਰ ਖਾਂ ਦੇ ਵਾਸੀ ਲੇਖਕ ਸੁਰਜੀਤ ਸਿੰਘ ਸੰਧੂ ਦੇ ਲਿਖੇ ਦੋ ਗੀਤ ਇਮਦਾਦ ਅਲੀ ਦੇ ਸੰਗੀਤ ਨਿਰਦੇਸ਼ਨ ਵਿੱਚ ਰਿਲੀਜ਼ ਹੋ ਚੁੱਕੇ ਹਨ। ਇਸ ਦਾ ਫਿਲਮਾਂਕਣ ਵੀ ਉਨ੍ਹਾਂ ਨੇ ਹੀ ਕੀਤਾ ਹੈ।

## ਬਲਾਕ ਸਮਰਾਲਾ ਦੇ ਪਿੰਡ ਗੋਹ ’ਚ ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ

### ਡੇਅਰੀ ਫਾਰਮਰਾਂ ਨੂੰ ਵਿਭਾਗ ਦੀਆਂ ਸਬਸਿਡੀ ਸਕੀਮਾਂ, ਕੈਟਲ ਸ਼ੈੱਡ, ਮਿਲਕਿੰਗ ਮਸ਼ੀਨ, ਡੇਅਰੀ ਕਰਜ਼ਾ ਕੇਸਾਂ ਸਬੰਧੀ ਵੀ ਜਾਣਕਾਰੀ ਦਿੱਤੀ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ, 25 ਸਤੰਬਰ : ਪੰਜਾਬ ਸਰਕਾਰ ਦੇ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ, ਪੰਜਾਬ, ਵਰਿਆਮ ਸਿੰਘ ਗਿੱਲ ਦੇ ਨਿਰਦੇਸ਼ਾਂ ਅਨੁਸਾਰ ਅੱਜ ਮਿਤੀ 25 ਸਤੰਬਰ ਨੂੰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਲੁਧਿਆਣਾ ਸੁਰਿੰਦਰ ਸਿੰਘ ਦੀ ਅਗਵਾਈ ਹੇਠ ਪਿੰਡ ਗੋਹ, ਬਲਾਕ ਸਮਰਾਲਾ ਵਿਖੇ ਇੱਕ ਦਿਨਾ ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ ਗਿਆ।

ਕੈਂਪ ਦੌਰਾਨ ਡਾ. ਗੁਲਜ਼ਾਰ, ਡਾ. ਬਲਦੇਵ ਸਿੰਘ, ਵੇਰਕਾ ਕੈਟਲ ਫੀਡ ਪਲਾਂਟ ਖੰਨਾ ਤੋਂ ਬਚਿੱਤਰ ਸਿੰਘ, ਡੇਅਰੀ ਵਿਕਾਸ ਇੰਸਪੈਕਟਰ ਅਗਮਪ੍ਰੀਤ ਕੌਰ ਅਤੇ ਮਿਸ ਅੰਕਿਤ ਕਪੂਰ ਵੱਲੋਂ ਡੇਅਰੀ ਫਾਰਮਰਾਂ ਨੂੰ ਵਿਭਾਗ ਦੀਆਂ ਸਬਸਿਡੀ ਸਕੀਮਾਂ, ਕੈਟਲ ਸ਼ੈੱਡ, ਮਿਲਕਿੰਗ ਮਸ਼ੀਨ, ਡੇਅਰੀ ਯੂਨਿਟ ਅਤੇ ਹੋਰ ਡੇਅਰੀ ਵਿਕਾਸ ਸਕੀਮਾਂ, ਪਸ਼ੂਆਂ ਦੀਆਂ ਬਿਮਾਰੀਆਂ, ਖੁਰਾਕ, ਸਾਂਭ-ਸੰਭਾਲ ਅਤੇ ਡੇਅਰੀ ਕਰਜ਼ਾ ਕੇਸਾਂ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਪਿੰਡ ਦੇ ਸਰਪੰਚ ਨੇ ਵੀ ਕੈਂਪ ਦਾ ਦੌਰਾ ਕਰਕੇ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ।

## ਖੇਤਰੀ ਖੋਜ ਕੇਂਦਰ ਬਠਿੰਡਾ ਵਿਖੇ ਹਾੜ੍ਹੀ ਦੀਆਂ ਫ਼ਸਲਾਂ ਲਈ ਪੀ. ਏ. ਯੂ. ਵੱਲੋਂ ਕਿਸਾਨ ਮੇਲਾ ਆਯੋਜਿਤ ਹੋਇਆ

### ਪੀ.ਏ.ਯੂ. ਦੇ ਕਿਸਾਨ ਮੇਲੇ ਕਿਸਾਨਾਂ ਅਤੇ ਵਿਗਿਆਨੀਆਂ ਦੀ ਸਾਂਝ ਦਾ ਕੇਂਦਰ: ਸ. ਗੁਰਮੀਤ ਸਿੰਘ ਖੁੱਡੀਆਂ

ਵਰਲਡ ਪੰਜਾਬੀ ਟਾਈਮਜ਼




ਲੁਧਿਆਣਾ, 25 ਸਤੰਬਰ : ਹਾੜ੍ਹੀ ਦੀਆਂ ਫ਼ਸਲਾਂ ਲਈ ਸਤੰਬਰ ਮਹੀਨੇ ਦੌਰਾਨ ਪੀ.ਏ.ਯੂ. ਵਲੋਂ ਕਰਵਾਏ ਜਾਂਦੇ ਕਿਸਾਨ ਮੇਲਿਆਂ ਦੀ ਲੜੀ ਤਹਿਤ ਅੱਜ ਖੇਤਰੀ ਖੋਜ ਕੇਂਦਰ, ਬਠਿੰਡਾ ਵਿਖੇ ਕਿਸਾਨ ਮੇਲਾ ਆਯੋਜਿਤ ਕੀਤਾ ਗਿਆ। ਇਸ ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਸ਼ਾਮਲ ਹੋਏ। ਕਿਸਾਨ ਮੇਲੇ ਦੀ ਪ੍ਰਧਾਨਗੀ ਪੀ.ਏ.ਯੂ. ਦੇ ਵਾਈਸ ਚਾਂਸਲਰ ਸ. ਸੁਖਜੀਤ ਪਾਲ ਸਿੰਘ ਆਈ.ਏ.ਐਸ. ਨੇ ਕੀਤੀ। ਇਸ ਤੋਂ ਇਲਾਵਾ ਸ. ਜਗਰੂਪ ਸਿੰਘ ਗਿੱਲ, ਐਮ ਐਲ ਏ, ਬਠਿੰਡਾ ਸ਼ਹਿਰੀ, ਸ. ਮੋਹਨ ਸਿੰਘ ਜਾਖੜ, ਮੈਂਬਰ ਪ੍ਰਬੰਧਕੀ ਬੋਰਡ ਪੀ.ਏ.ਯੂ, ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ, ਨਿਰਦੇਸ਼ਕ ਪਸਾਰ ਸਿੱਖਿਆ ਡਾ ਮੱਖਣ ਸਿੰਘ ਭੁੱਲਰ, ਵਧੀਕ ਨਿਰਦੇਸ਼ਕ ਪਸਾਰ ਸਿੱਖਿਆ ਡਾ. ਤਰਸੇਮ ਸਿੰਘ ਢਿੱਲੋਂ, ਯੂਨੀਵਰਸਿਟੀ ਉੱਚ ਅਧਿਕਾਰੀ ਅਤੇ ਵੱਖ ਵੱਖ ਵਿਭਾਗਾਂ ਦੇ ਮੁਖੀ ਸਹਿਬਾਨ ਵੀ ਮੰਚ 'ਤੇ ਮੌਜੂਦ ਸਨ।

ਮੁੱਖ ਮਹਿਮਾਨ ਸ. ਗੁਰਮੀਤ ਸਿੰਘ ਖੁੱਡੀਆਂ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਪੰਜਾਬ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਫਸਲੀ ਵਿਭਿੰਨਤਾ ਅਤੇ ਬਾਗਬਾਨੀ ਨੂੰ ਉਤਸ਼ਾਹਿਤ ਕਰਨ ਲਈ ਹੋਰ ਯਤਨ ਤੇਜ਼ ਕਰਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨ ਰਵਾਇਤੀ ਤੌਰ 'ਤੇ ਨਰਮੇ-ਕਪਾਹ ਦੀ ਖੇਤੀ ਕਰਦੇ ਆ ਰਹੇ ਹਨ ਅਤੇ ਕਿਸਾਨਾਂ ਨੂੰ ਰਵਾਇਤੀ ਫ਼ਸਲ ਨਰਮੇ-ਕਪਾਹ ਹੇਠ ਰਕਬਾ ਵਧਾਉਣ ਵੱਲ ਮੁੜ ਧਿਆਨ ਦੇਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਫ਼ਸਲੀ ਵਿਭਿੰਨਤਾ ਨੂੰ ਹੁਲਾਰਾ ਦੇਣ ਵਿੱਚ ਨਰਮਾ-ਕਪਾਹ ਅਹਿਮ ਭੂਮਿਕਾ ਨਿਭਾ ਸਕਦਾ ਹੈ। ਇਸ ਦਿਸ਼ਾ ਵਿੱਚ ਪੀ.ਏ.ਯੂ. ਵੱਲੋਂ ਵੱਧ ਝਾੜ ਅਤੇ ਬਿਹਤਰ ਗੁਣਵੱਤਾ ਵਾਲੀਆਂ ਨਰਮੇ-ਕਪਾਹ ਦੀਆਂ ਕਿਸਮਾਂ ਵਿਕਸਿਤ ਕਰਨ ਲਈ ਖੋਜ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਖੋਜਾਂ ਨੂੰ ਖੇਤਾਂ ਤੱਕ ਲਿਜਾ ਕੇ ਨਰਮੇ-ਕਪਾਹ ਹੇਠ ਰਕਬਾ ਵਧਾਉਣ ਲਈ ਕਿਸਾਨਾਂ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ।

ਸ. ਖੁੱਡੀਆਂ ਨੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਖੇਤੀ ਦੇ ਨਾਲ-ਨਾਲ ਸਹਾਇਕ ਕਿੱਤਿਆਂ ਨੂੰ ਅਪਨਾਉਣ 'ਤੇ ਵੀ ਜ਼ੋਰ ਦਿੱਤਾ। ਸ. ਖੁੱਡੀਆਂ ਨੇ ਕਿਹਾ ਕਿ ਕਿਸਾਨਾਂ ਨੂੰ ਆਪਣੀ ਆਮਦਨ ਵਧਾਉਣ ਲਈ ਪ੍ਰੋਸੈਸਿੰਗ ਦੇ ਨਾਲ ਨਾਲ ਖੁਦ ਮੰਡੀਕਰਨ ਦੇ ਖੇਤਰ ਵਿੱਚ ਵੀ ਆਉਣਾ ਪਵੇਗਾ। ਪੰਜਾਬ ਵੱਲੋਂ ਦੇਸ਼ ਦੇ ਅਨਾਜ ਭੰਡਾਰ ਵਿੱਚ ਪਾਏ ਜਾ ਰਹੇ ਯੋਗਦਾਨ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ ਸੂਬਾ ਕੇਂਦਰੀ ਪੂਲ ਲਈ ਦੇਸ਼ ਦੇ ਕੁੱਲ ਝੋਨੇ ਦਾ ਲਗਭਗ 40 ਫ਼ੀਸਦੀ ਅਤੇ ਕਣਕ ਦਾ 25 ਫ਼ੀਸਦੀ ਹਿੱਸਾ ਮੁਹੱਈਆ ਕਰਵਾਉਂਦਾ ਹੈ। ਇਹ ਪ੍ਰਾਪਤੀ ਪੰਜਾਬ ਦੇ ਕਿਸਾਨਾਂ ਦੀ ਮਿਹਨਤ ਅਤੇ ਵਿਗਿਆਨੀਆਂ ਦੀ ਖੋਜ ਕਾਰਨ ਹੀ ਸੰਭਵ ਹੋ ਸਕੀ ਹੈ।

ਪ੍ਰਧਾਨਗੀ ਭਾਸ਼ਣ ਵਿੱਚ ਪੀ.ਏ.ਯੂ. ਦੇ ਵਾਈਸ ਚਾਂਸਲਰ ਸ. ਸੁਖਜੀਤ ਪਾਲ ਸਿੰਘ, ਆਈ.ਏ.ਐਸ. ਨੇ ਕਿਹਾ ਕਿ ਯੂਨੀਵਰਸਿਟੀ ਖੇਤੀਬਾੜੀ ਦੇ ਖੇਤਰ ਵਿੱਚ ਨਵੀਆਂ ਖੋਜਾਂ ਨੂੰ ਉਤਸ਼ਾਹਿਤ ਕਰਦਿਆਂ ਖੇਤੀ ਸੁਧਾਰਾਂ ਲਈ ਲਗਾਤਾਰ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੀ.ਏ.ਯੂ. ਦੇ ਵਿਗਿਆਨੀਆਂ ਦੀ ਖੋਜ ਦਾ ਉਦੇਸ਼ ਉਸ ਨੂੰ ਪ੍ਰਯੋਗਸ਼ਾਲਾ ਜਾਂ ਖੋਜ ਕੇਂਦਰ ਤੱਕ ਸੀਮਤ ਰੱਖਣ ਦੀ ਬਜਾਏ ਕਿਸਾਨ ਦੇ ਖੇਤ ਤੱਕ ਪਹੁੰਚਾਉਣਾ ਹੈ। ਇਸੇ ਦਿਸ਼ਾ ਵਿੱਚ ਫ਼ਸਲਾਂ ਦੇ ਝਾੜ ਅਤੇ ਗੁਣਵੱਤਾ ਵਿੱਚ ਸੁਧਾਰ ਲਈ ਨਵੀਆਂ ਕਿਸਮਾਂ ਵਿਕਸਤ ਕਰਨ ਦੇ ਨਾਲ-ਨਾਲ ਪਹਿਲਾਂ ਤੋਂ ਪ੍ਰਚਲਿਤ ਕਿਸਮਾਂ ਵਿੱਚ ਵੀ ਲੋੜ ਅਨੁਸਾਰ ਸੁਧਾਰ ਕੀਤੇ ਜਾ ਰਹੇ ਹਨ।

ਵਾਈਸ ਚਾਂਸਲਰ ਸ. ਸੁਖਜੀਤ ਪਾਲ ਸਿੰਘ, ਆਈ.ਏ.ਐਸ. ਨੇ ਕਿਸਾਨ ਮੇਲਿਆਂ ਦੀ ਭੂਮਿਕਾ ਨੂੰ ਸਿਰਫ਼ ਬੀਜਾਂ ਜਾਂ ਖੇਤੀ ਸਮੱਗਰੀ ਦੀ ਖਰੀਦ ਤੱਕ ਸੀਮਤ ਨਾ ਰੱਖਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਨ੍ਹਾਂ ਨੂੰ ਕਿਸਾਨਾਂ ਅਤੇ ਖੇਤੀ ਮਾਹਿਰਾਂ ਵਿਚਕਾਰ ਸਿੱਧੇ ਸੰਵਾਦ ਦੇ ਮੰਚ ਵਜੋਂ ਵਰਤਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਵੱਖ-ਵੱਖ ਖੇਤੀ ਸਮੱਸਿਆਵਾਂ ਬਾਰੇ ਵਿਚਾਰ ਕਰਨ ਅਤੇ ਉਨ੍ਹਾਂ ਨੂੰ ਵਿਗਿਆਨਕ ਸੇਧ ਦੇਣ ਲਈ ਮੇਲੇ ਵਿੱਚ ਯੂਨੀਵਰਸਿਟੀ ਦੇ ਮਾਹਿਰ ਮੌਜੂਦ ਹਨ। ਕਿਸਾਨ ਆਪਣੀਆਂ ਸਮੱਸਿਆਵਾਂ ਅਤੇ ਖੇਤ ਪੱਧਰ 'ਤੇ ਦਰਪੇਸ਼ ਚੁਣੌਤੀਆਂ ਮਾਹਿਰਾਂ ਨਾਲ ਸਾਂਝੀਆਂ ਕਰਨ। ਪਰਾਲੀ ਦੀ ਸੰਭਾਲ ਦੇ ਮੁੱਦੇ ਦਾ ਜ਼ਿਕਰ ਕਰਦਿਆਂ ਵਾਈਸ ਚਾਂਸਲਰ ਨੇ ਕਿਹਾ ਕਿ ਇਸ ਨੂੰ ਸਿਰਫ਼ ਖੇਤੀਬਾੜੀ ਨਾਲ ਜੁੜੀ ਇੱਕ ਚੁਣੌਤੀ ਵਜੋਂ ਦੇਖਣ ਦੀ ਬਜਾਏ ਇਸ ਦੀ ਉਪਯੋਗਤਾ ਨੂੰ ਸਮਝਦਿਆਂ ਇੱਕ ਖੇਤੀ ਸਰੋਤ ਵਜੋਂ ਵਰਤਣ ਵੱਲ ਧਿਆਨ ਦੇਣ ਦੀ ਲੋੜ ਹੈ।

ਇਸ ਮੌਕੇ ਸ. ਜਗਰੂਪ ਸਿੰਘ ਗਿੱਲ, ਐਮ ਐਲ ਏ, ਬਠਿੰਡਾ ਸ਼ਹਿਰੀ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਪੀ.ਏ.ਯੂ ਦੇ ਕਿਸਾਨ ਮੇਲਾ ਗਿਆਨ ਦਾ ਕੇਂਦਰ ਹੈ। ਕਿਸਾਨਾਂ ਨੂੰ ਇਸ ਮੇਲੇ ਤੋਂ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਖੇਤੀ ਮਸ਼ੀਨਰੀ ਉਪਰ ਦਿੱਤੀ ਜਾਂਦੀ ਸਬਸਿਡੀ ਤੋਂ ਵੀ ਲਾਭ ਉਠਾਉਣ ਲਈ ਕਿਸਾਨਾਂ ਨੂੰ ਅਪੀਲ ਕੀਤੀ।

ਹਾੜ੍ਹੀ ਦੀਆਂ ਫ਼ਸਲਾਂ ਲਈ ਪੀ.ਏ.ਯੂ. ਵੱਲੋਂ ਜਾਰੀ ਖੇਤੀ ਸਿਫ਼ਾਰਸ਼ਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ ਨੇ ਕਿਹਾ ਕਿ ਪੰਜਾਬ ਦੀ ਖੇਤੀਬਾੜੀ ਵਿੱਚ ਪੈਦਾਵਾਰ ਦੇ ਪੱਖੋਂ ਲਗਾਤਾਰ ਹੋ ਰਿਹਾ ਸੁਧਾਰ ਵਿਗਿਆਨੀਆਂ ਵੱਲੋਂ ਕੀਤੀ ਜਾ ਰਹੀ ਖੋਜ, ਕਿਸਾਨਾਂ ਦੀ ਮਿਹਨਤ, ਖੇਤੀ ਪਾਸਾਰ ਅਤੇ ਸਰਕਾਰ ਦੀਆਂ ਖੇਤੀ ਨੀਤੀਆਂ ਵਿਚਕਾਰ ਬਣੇ ਆਪਸੀ ਤਾਲਮੇਲ ਦਾ ਨਤੀਜਾ ਹੈ।

ਡਾ. ਢੱਟ ਨੇ ਪੰਜਾਬ ਦੇ ਕਿਸਾਨਾਂ ਅਤੇ ਖੇਤੀ ਮਾਹਿਰਾਂ ਵੱਲੋਂ ਸਾਂਝੇ ਤੌਰ 'ਤੇ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖੇਤੀ ਖੇਤਰ ਨਾਲ ਜੁੜੀਆਂ ਵੱਖ-ਵੱਖ ਧਿਰਾਂ ਦੇ ਇਨ੍ਹਾਂ ਯਤਨਾਂ ਨੇ ਨਾ ਸਿਰਫ਼ ਪੰਜਾਬ ਦੀ ਖੇਤੀ ਨੂੰ ਮਜ਼ਬੂਤ ਆਧਾਰ ਦਿੱਤਾ ਹੈ, ਸਗੋਂ ਦੇਸ਼ ਦੀ ਖੇਤੀਬਾੜੀ ਦੇ ਵਿਕਾਸ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਬਦਲਦੀਆਂ ਖੇਤੀ ਲੋੜਾਂ ਅਤੇ ਨਵੀਆਂ ਚੁਣੌਤੀਆਂ ਦੇ ਮੱਦੇਨਜ਼ਰ ਖੋਜ ਨੂੰ ਕਿਸਾਨਾਂ ਦੀਆਂ ਵਿਹਾਰਕ ਲੋੜਾਂ ਨਾਲ ਜੋੜਨਾ ਸਮੇਂ ਦੀ ਲੋੜ ਹੈ। ਇਸ ਪ੍ਰਸੰਗ ਵਿੱਚ ਉਨ੍ਹਾਂ ਪੀ.ਏ.ਯੂ. ਵੱਲੋਂ ਕੀਤੀ ਜਾ ਰਹੀ ਖੇਤੀ ਖੋਜ ਅਤੇ ਇਸ ਦੇ ਨਤੀਜਿਆਂ ਨੂੰ ਕਿਸਾਨਾਂ ਤੱਕ ਵਿਗਿਆਨਕ ਸੇਧ ਦੇ ਰੂਪ ਵਿੱਚ ਪਹੁੰਚਾਉਣ ਲਈ ਨਿਭਾਈ ਜਾ ਰਹੀ ਭੂਮਿਕਾ ਨੂੰ ਵਿਸ਼ੇਸ਼ ਤੌਰ 'ਤੇ ਉਜਾਗਰ ਕੀਤਾ।

ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਹੁਣ ਤਕ 995 ਕਿਸਮਾਂ ਤਿਆਰ ਕਰਕੇ ਕਾਸ਼ਤ ਲਈ ਸਿਫਾਰਸ਼ ਕੀਤੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਵਿੱਚੋਂ 250 ਤੋਂ ਵਧੇਰੇ ਕਿਸਮਾਂ ਨੂੰ ਰਾਸ਼ਟਰੀ ਪੱਧਰ 'ਤੇ ਪ੍ਰਵਾਨਗੀ ਮਿਲੀ ਹੈ। ਉਨ੍ਹਾਂ ਪਿਛਲੇ ਛੇ ਮਹੀਨਿਆਂ ਦੌਰਾਨ ਤਿਆਰ ਕੀਤੀਆਂ ਨਵੀਂਆਂ ਸਿਫਾਰਸ਼ੀ ਕਿਸਮਾਂ, ਉਤਪਾਦਨ ਤਕਨੀਕਾਂ, ਪੌਦ ਸੁਰੱਖਿਆ ਉਪਾਆਂ ਅਤੇ ਹੋਰ ਖੇਤੀ ਸਿਫਾਰਿਸ਼ਾਂ ਬਾਰੇ ਵੀ ਜਾਣਕਾਰੀ ਦਿੱਤੀ। ਇਨ੍ਹਾਂ ਵਿੱਚ ਕਣਕ ਦੀਆਂ ਪੀ.ਬੀ.ਡਬਲਯੂ. 887 ਅਤੇ ਪੀ.ਬੀ.ਡਬਲਯੂ. 927, ਮਸਰ ਦੀ ਐੱਲ.ਐੱਲ. 1613, ਸਰ੍ਹੋਂ ਦੀਆਂ ਪੰਜਾਬ ਰਾਇਆ ਕਨੋਲਾ-7 ਅਤੇ ਪੰਜਾਬ ਰਾਇਆ 813, ਹਾੜ੍ਹ ਬਰਸੀਮ ਦੀ ਬੀ.ਐੱਲ. 45, ਮਟਰ ਦੀ ਅਗੇਤਾ 8, ਆਲੂ, ਪਿਆਜ਼ ਅਤੇ ਲਸਣ ਦੀਆਂ ਨਵੀਆਂ ਕਿਸਮਾਂ, ਖਰਬੂਜ਼ੇ ਦੀ ਪੰਜਾਬ ਅੰਮ੍ਰਿਤ ਆਦਿ ਸ਼ਾਮਲ ਹਨ। ਉਨ੍ਹਾਂ ਨੇ ਇਹਨਾਂ ਕਿਸਮਾਂ ਦੇ ਗੁਣਾਂ ਬਾਰੇ ਜਾਣਕਾਰੀ ਦਿੰਦਿਆਂ ਕਿਸਾਨਾਂ ਨੂੰ ਇਨ੍ਹਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ। ਇਸਦੇ ਨਾਲ ਹੀ ਉਨ੍ਹਾਂ ਉਤਪਾਦਨ ਤਕਨੀਕਾਂ ਵਿੱਚ ਫੋਨ ਨਾਲ ਸਿੰਚਾਈ ਸੈਂਸਰ ਜੋੜਨ, ਮੂੰਗੀ ਵਿੱਚ ਨੀਲੇ ਚਿਪਕਵੇਂ ਕਾਰਡਾਂ ਦੀ ਵਰਤੋਂ, ਗੁੱਲੀ ਡੰਡੇ ਦੀ ਰੋਕਥਾਮ, ਸੂਖਮ ਸਿੰਚਾਈ, ਗੋਭੀ ਸਰ੍ਹੋਂ ਅਤੇ ਤੋਰੀਆ ਦੀ ਅੰਤਰਫ਼ਸਲੀ ਕਾਸ਼ਤ, ਅਤੇ ਪਸ਼ੂਆਂ ਲਈ ਫ਼ਸਲੀ ਅਚਾਰ ਬਣਾਉਣ ਵਾਸਤੇ ਲੈਕਟਿਕ ਐਸਿਡ ਬੈਕਟੀਰੀਆ ਜਾਗ ਦੀ ਤਕਨਾਲੋਜੀ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਪਾਣੀ ਦੀ ਬਚਤ ਲਈ ਕਿਸਾਨਾਂ ਨੂੰ ਯੂਨੀਵਰਸਿਟੀ ਦੀਆਂ ਸਿਫਾਰਿਸ਼ਾਂ ਅਪਣਾਉਣ ਦੀ ਅਪੀਲ ਕੀਤੀ ਅਤੇ ਪਰਾਲੀ ਦੀ ਸੰਭਾਲ ਹਰ ਹਾਲਤ ਵਿੱਚ ਖੇਤ ਵਿੱਚ ਹੀ ਕਰਨ 'ਤੇ ਜ਼ੋਰ ਦਿੱਤਾ।

ਸਵਾਗਤੀ ਸੰਬੋਧਨ ਦੌਰਾਨ ਪਸਾਰ ਸਿੱਖਿਆ ਦੇ ਨਿਰਦੇਸ਼ਕ ਡਾ. ਮੱਖਣ ਸਿੰਘ ਭੁੱਲਰ ਨੇ ਕਿਹਾ ਕਿ ਖੇਤੀਬਾੜੀ ਨਾਲ ਜੁੜੀ ਨਵੀਂ ਖੋਜ, ਤਕਨੀਕ ਅਤੇ ਮਾਹਿਰਾਂ ਦੀ ਸੇਧ ਨੂੰ ਕਿਸਾਨਾਂ ਤੱਕ ਪਹੁੰਚਾਉਣ ਵਿੱਚ ਕਿਸਾਨ ਮੇਲਿਆਂ ਦੀ ਅਹਿਮ ਭੂਮਿਕਾ ਹੈ। ਉਨ੍ਹਾਂ ਕਿਹਾ ਕਿ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਤੋਂ ਪਹਿਲਾਂ ਕਰਵਾਇਆ ਗਿਆ ਇਹ ਮੇਲਾ, ਮਾਲਵਾ ਖੇਤਰ ਦੇ ਕਿਸਾਨਾਂ ਨੂੰ ਯੂਨੀਵਰਸਿਟੀ ਦੀਆਂ ਖੇਤੀ ਸਿਫ਼ਾਰਸ਼ਾਂ ਅਤੇ ਨਵੀਆਂ ਤਕਨੀਕਾਂ ਨਾਲ ਜੋੜਨ ਦਾ ਇੱਕ ਮਹੱਤਵਪੂਰਨ ਮੌਕਾ ਹੈ। ਉਨ੍ਹਾਂ ਕਿਹਾ ਕਿ ਹਰ ਸਾਲ ਇਨ੍ਹਾਂ ਮੇਲਿਆਂ ਵਿੱਚ ਕਿਸਾਨਾਂ ਦੀ ਵਧ ਰਹੀ ਸ਼ਮੂਲੀਅਤ ਇਸ ਗੱਲ ਨੂੰ ਦਰਸਾਉਂਦੀ ਹੈ ਕਿ ਕਿਸਾਨਾਂ ਦਾ ਪੀ.ਏ.ਯੂ. ਦੀਆਂ ਖੇਤੀ ਖੋਜਾਂ ਅਤੇ ਸਿਫ਼ਾਰਸ਼ਾਂ ਪ੍ਰਤੀ ਭਰੋਸਾ ਲਗਾਤਾਰ ਮਜ਼ਬੂਤ ਹੋ ਰਿਹਾ ਹੈ।

ਡਾ. ਭੁੱਲਰ ਨੇ ਕਿਹਾ ਕਿ ਖੇਤੀਬਾੜੀ ਵਿੱਚ ਨਵੀਆਂ ਤਕਨੀਕਾਂ ਨੂੰ ਅਪਣਾਉਣ ਦੇ ਨਾਲ-ਨਾਲ ਉਤਪਾਦਨ ਲਾਗਤ, ਸਰੋਤਾਂ ਦੀ ਸੁਚੱਜੀ ਵਰਤੋਂ ਅਤੇ ਆਮਦਨ ਨਾਲ ਜੁੜੇ ਪੱਖਾਂ 'ਤੇ ਵੀ ਕਿਸਾਨਾਂ ਦਾ ਧਿਆਨ ਕੇਂਦਰਿਤ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਪੀ.ਏ.ਯੂ. ਦੇ ਖੇਤਰੀ ਖੋਜ ਕੇਂਦਰਾਂ ਵੱਲੋਂ ਕਿਸਾਨਾਂ ਲਈ ਸਿਖਲਾਈ ਅਤੇ ਤਕਨੀਕੀ ਜਾਣਕਾਰੀ ਦੇ ਪ੍ਰੋਗਰਾਮ ਵੀ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਸਾਨਾਂ ਨੂੰ ਯੂਨੀਵਰਸਿਟੀ ਦੇ ਮਾਹਿਰਾਂ ਨਾਲ ਸਿੱਧਾ ਸੰਵਾਦ ਕਰਨ, ਆਪਣੀਆਂ ਖੇਤੀ ਸਮੱਸਿਆਵਾਂ ਸਾਂਝੀਆਂ ਕਰਨ ਅਤੇ ਮਾਹਿਰਾਂ ਦੀਆਂ ਸਿਫਾਰਸ਼ਾਂ ਨੂੰ ਅਮਲ ਵਿੱਚ ਲਿਆਉਣ ਲਈ ਪ੍ਰੇਰਿਤ ਕੀਤਾ।

ਸਮਾਗਮ ਦੀ ਸੰਚਾਲਨ ਅਪਰ ਨਿਰਦੇਸ਼ਕ ਸੰਚਾਰ, ਪੀ.ਏ.ਯੂ. ਡਾ. ਤੇਜਿੰਦਰ ਸਿੰਘ ਰਿਆੜ ਨੇ ਕੀਤਾ। ਇਸ ਮੌਕੇ ਉਨ੍ਹਾਂ ਕਿਸਾਨਾਂ ਨੂੰ ਖੇਤੀਬਾੜੀ ਦੇ ਬਦਲਦੇ ਦੌਰ ਨਾਲ ਤਾਲਮੇਲ ਬਿਠਾਉਣ ਅਤੇ ਖੇਤੀ ਸੰਬੰਧੀ ਭਰੋਸੇਯੋਗ ਤੇ ਵਿਗਿਆਨਕ ਜਾਣਕਾਰੀ ਲਈ ਪੀ.ਏ.ਯੂ. ਵੱਲੋਂ ਪ੍ਰਕਾਸ਼ਿਤ ਖੇਤੀ ਸਾਹਿਤ ਨਾਲ ਜੁੜਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਕਿਸਾਨ ਯੂਨੀਵਰਸਿਟੀ ਦੇ ਹਫ਼ਤਾਵਾਰੀ ਅਖ਼ਬਾਰ 'ਖੇਤੀ ਸੰਦੇਸ਼' ਦੇ ਨਾਲ-ਨਾਲ ਪੀ.ਏ.ਯੂ. ਦੇ ਫੇਸਬੁੱਕ ਲਾਈਵ ਪ੍ਰੋਗਰਾਮਾਂ, ਵਟਸਐਪ ਗਰੁੱਪਾਂ ਅਤੇ ਯੂ-ਟਿਊਬ ਚੈਨਲ ਰਾਹੀਂ ਵੀ ਖੇਤੀ ਮਾਹਿਰਾਂ ਦੀ ਸੇਧ ਅਤੇ ਨਵੀਂ ਜਾਣਕਾਰੀ ਹਾਸਲ ਕਰ ਸਕਦੇ ਹਨ।

ਇਸ ਮੌਕੇ ਇਸਟੀਚਿਊਟ ਆਫ਼ ਐਗਰੀਕਲਚਰ, ਬਠਿੰਡਾ ਦੇ ਵਿਦਿਆਰਥੀਆਂ ਵੱਲੋਂ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।

ਤਕਨੀਕੀ ਸੈਸ਼ਨ ਦੌਰਾਨ ਪੀ.ਏ.ਯੂ. ਦੇ ਵੱਖ-ਵੱਖ ਵਿਸ਼ਿਆਂ ਦੇ ਮਾਹਿਰਾਂ ਨੇ ਕਿਸਾਨਾਂ ਨਾਲ ਸਵਾਲ-ਜਵਾਬ ਕਰਦਿਆਂ ਉਨ੍ਹਾਂ ਦੀਆਂ ਖੇਤੀਬਾੜੀ ਨਾਲ ਜੁੜੀਆਂ ਸਮੱਸਿਆਵਾਂ 'ਤੇ ਵਿਚਾਰ-ਚਰਚਾ ਕੀਤੀ ਅਤੇ ਲੋੜੀਂਦੀ ਤਕਨੀਕੀ ਸੇਧ ਦਿੱਤੀ।

ਸਮਾਗਮ ਦੇ ਅੰਤ ਵਿੱਚ ਖੇਤਰੀ ਖੋਜ ਕੇਂਦਰ, ਬਠਿੰਡਾ ਦੇ ਨਿਰਦੇਸ਼ਕ ਡਾ. ਕਰਮਜੀਤ ਸਿੰਘ ਸੇਖੋਂ ਨੇ ਸਭ ਦਾ ਧੰਨਵਾਦ ਕੀਤਾ।

ਕਿਸਾਨ ਮੇਲੇ ਦੌਰਾਨ ਸਵੈ-ਸੇਵੀ ਸੰਸਥਾਵਾਂ, ਕਿਸਾਨ ਉਤਪਾਦਕ ਸੰਗਠਨਾਂ ਅਤੇ ਨਿੱਜੀ ਅਦਾਰਿਆਂ ਤੋਂ ਇਲਾਵਾ ਪੀ.ਏ.ਯੂ. ਦੇ ਵੱਖ-ਵੱਖ ਵਿਭਾਗਾਂ ਅਤੇ ਖੇਤੀਬਾੜੀ ਵਿਭਾਗ ਵੱਲੋਂ ਲਗਾਈਆਂ ਗਈਆਂ ਸਟਾਲਾਂ ਖਿੱਚ ਦਾ ਕੇਂਦਰ ਬਣੀਆਂ। ਇਨ੍ਹਾਂ ਰਾਹੀਂ ਕਿਸਾਨਾਂ ਨੂੰ ਖੇਤੀਬਾੜੀ ਨਾਲ ਜੁੜੇ ਉਤਪਾਦਾਂ, ਸੇਵਾਵਾਂ ਅਤੇ ਨਵੀਆਂ ਤਕਨੀਕਾਂ ਬਾਰੇ ਜਾਣਕਾਰੀ ਮੁਹੱਈਆ ਕਰਵਾਈ ਗਈ।

ਮੇਲੇ ਵਿੱਚ ਕਿਸਾਨਾਂ ਨੇ ਹਾੜ੍ਹੀ ਦੀਆਂ ਫ਼ਸਲਾਂ ਦੇ ਬੀਜਾਂ, ਫ਼ਲਦਾਰ ਬੂਟਿਆਂ ਅਤੇ ਪੀ.ਏ.ਯੂ. ਦੇ ਖੇਤੀ ਸਾਹਿਤ ਦੀ ਖਰੀਦ ਵਿੱਚ ਵਿਸ਼ੇਸ਼ ਦਿਲਚਸਪੀ ਦਿਖਾਈ। ਇਸ ਮੌਕੇ ਹਾੜ੍ਹੀ ਦੀਆਂ ਫ਼ਸਲਾਂ ਨਾਲ ਸਬੰਧਤ ਯੂਨੀਵਰਸਿਟੀ ਦਾ ਨਵਾਂ ਖੇਤੀ ਸਾਹਿਤ ਵੀ ਪ੍ਰਧਾਨਗੀ ਮੰਡਲ ਵੱਲੋਂ ਜਾਰੀ ਕੀਤਾ ਗਿਆ।

## ਪੰਜਾਬ ਸਪੋਰਟਸ ਯੂਨੀਵਰਸਿਟੀ ਵੱਲੋਂ ਕਰਵਾਏ ਦੋ- ਰੋਜ਼ਾ ਇੰਟਰ-ਕਾਲਜ ਖੇਡ ਮੁਕਾਬਲੇ ਸੰਪੰਨ

### 1000 ਤੋਂ ਵਧੇਰੇ ਖਿਡਾਰੀਆਂ ਨੇ ਹਿੱਸਾ ਲੈ ਕੇ ਖੇਡ ਪ੍ਰਤਿਭਾ ਦਿਖਾਈ- ਪ੍ਰੋ. ਗਿੱਲ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 25 ਸਤੰਬਰ : ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਵੱਲੋਂ ਕਰਵਾਏ ਗਏ ਦੋ –ਰੋਜ਼ਾ ਇੰਟਰ-ਕਾਲਜ ਖੇਡ ਮੁਕਾਬਲਿਆਂ ਵਿਚ ਯੂਨੀਵਰਸਿਟੀ ਦੇ ਵੱਖ-ਵੱਖ ਕਾਂਸਟੀਚਿਊਟ ਕਾਲਜਾਂ ਨੇ ਭਾਗ ਲਿਆ। ਇਨ੍ਹਾਂ ਖੇਡ ਮੁਕਬਾਲਿਆਂ ਵਿਚ ਵੱਖ ਵੱਖ ਖੇਡਾਂ ਕੱਬਡੀ, ਵਾਲੀਬਾਲ, ਬਾਕਸਿੰਗ ਅਤੇ ਬੇਸਬਾਲ ਆਦਿ ਨੂੰ ਸ਼ਾਮਲ ਕੀਤਾ ਗਿਆ। ਖੇਡ ਸਮਾਰੋਹ ਦਾ ਰਸਮੀ ਉਦਘਾਟਨ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਕਰਦਿਆਂ ਖਿਡਾਰੀਆਂ ਨੂੰ ਆਪਣਾ ਆਸ਼ੀਰਵਾਦ ਦਿੱਤਾ ਅਤੇ ਕਿਹਾ ਕਿ ਖਿਡਾਰੀ ਸਾਡੇ ਸਮਾਜ ਦੇ ਪ੍ਰੇਰਨਾਸਰੋਤ ਹੁੰਦੇ ਹਨ ਤੇ ਖਿਡਾਰੀਆਂ ਦੇ ਜੀਵਨ ਤੋਂ ਸਮਾਜ ਸੇਧ ਪ੍ਰਾਪਤ ਕਰਦਾ ਹੈ। ਉਨ੍ਹਾਂ ਨੇ ਸਾਰੇ ਖਿਡਾਰੀਆਂ ਨੂੰ ਉਹਨਾਂ ਦੇ ਚੰਗੇ ਪ੍ਰਦਰਸ਼ਨ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ ਅਤੇ ਸਾਰੇ ਖਿਡਾਰੀਆਂ ਨੂੰ ਲੱਖ-ਲੱਖ ਮੁਬਾਰਕਾਂ ਦਿੱਤੀਆਂ ਜਿਨ੍ਹਾਂ ਨੇ ਇੰਟਰਕਾਲਜ ਵਿੱਚ ਭਾਗ ਲੈ ਕੇ ਖੇਡਾਂ ਨੂੰ ਜਿਉਂਦਿਆਂ ਰੱਖਿਆ ਹੈ। ਇਸ ਮੌਕੇ ਜ਼ਿਲ੍ਹਾ ਖੇਡ ਅਫਸਰ ਨਵਜੋਤ ਸਿੰਘ, ਯੂਨੀਵਰਸਿਟੀ ਦੇ ਡਾਇਰੈਕਟਰ ਆਫ਼ ਸਪੋਰਟਸ ਅਮਰਪ੍ਰੀਤ ਸਿੰਘ ਅਤੇ ਫਿਜ਼ੀਕਲ ਕਾਲਜ ਦੇ ਪ੍ਰਿੰਸੀਪਲ ਡਾ. ਹਰਮਨਪ੍ਰੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਚੈਂਪੀਅਨਸ਼ਿਪ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਖੇਡ ਮੁਕਾਬਲੇ ਚਾਰ ਵੱਖ-ਵੱਖ ਸਥਾਨਾਂ 'ਤੇ ਕਰਵਾਏ ਗਏ ਜੋ ਕਿ ਲੀਗ-ਕਮ-ਨਾਕਆਊਟ ਅਧਾਰ 'ਤੇ ਖੇਡੇ ਗਏ। ਇਸ ਦੌਰਾਨ ਪਰੰਪਰਾਗਤ ਅਤੇ ਸਰਕਲ ਸਟਾਈਲ ਕੱਬਡੀ ਦੇ ਮੁਕਾਬਲਿਆਂ ਵਿੱਚ ਖਿਡਾਰੀਆਂ ਦੀ ਸਰੀਰਕ ਤਾਕਤ ਅਤੇ ਰਣਨੀਤੀ ਦਾ ਸ਼ਾਨਦਾਰ ਪ੍ਰਦਰਸ਼ਨ ਦੇਖਣ ਨੂੰ ਮਿਲਿਆ।

ਲੜਕਿਆਂ ਦੇ ਕਬੱਡੀ ਮੁਕਾਬਲਿਆਂ ਵਿੱਚ ਰੋਇਲ ਕਾਲਜ, ਮਾਨਸਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਲੜਕੀਆਂ ਦੇ ਕਬੱਡੀ ਮੁਕਾਬਲਿਆਂ ਵਿੱਚ ਫਿਜ਼ੀਕਲ ਕਾਲਜ, ਪਟਿਆਲਾ ਨੇ ਪਹਿਲਾ ਸਥਾਨ ਤੇ ਰਿਹਾ। ਵਾਲੀਬਾਲ ਕੋਰਟ 'ਤੇ ਵੱਖ-ਵੱਖ ਕਾਲਜਾਂ ਦੀਆਂ ਟੀਮਾਂ ਵਿਚਕਾਰ ਫਸਵੇਂ ਅਤੇ ਰੋਮਾਂਚਕ ਮੁਕਾਬਲੇ ਦੇਖੇ ਗਏ, ਲੜਕਿਆਂ ਦੇ ਵਾਲੀਬਾਲ ਮੁਕਾਬਲਿਆਂ ਵਿੱਚੋਂ ਸਰਕਾਰੀ ਆਰਟਸ ਅਤੇ ਸਪੋਰਟਸ ਕਾਲਜ, ਜਲੰਧਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਲੜਕੀਆਂ ਦੇ ਵਾਲੀਬਾਲ ਮੁਕਾਬਲਿਆਂ ਵਿੱਚ ਫਿਜ਼ੀਕਲ ਐਜੁਕੇਸ਼ਨ, ਪਟਿਆਲਾ ਨੇ ਪਹਿਲਾਂ ਸਥਾਨ ਪ੍ਰਾਪਤ ਕੀਤਾ। ਬਾਕਸਿੰਗ ਰਿੰਗ ਵਿੱਚ ਵੱਖ-ਵੱਖ ਭਾਰ ਵਰਗਾਂ ਦੇ ਮੁੱਕੇਬਾਜ਼ਾਂ ਨੇ ਆਪਣੀ ਤਕਨੀਕ, ਫੁਰਤੀ ਅਤੇ ਮੁੱਕੇਬਾਜ਼ੀ ਦੇ ਹੁਨਰ ਦਾ ਲੋਹਾ ਮਨਵਾਇਆ। ਬੇਸਬਾਲ ਦੇ ਮੈਚਾਂ ਵਿੱਚ ਖਿਡਾਰੀਆਂ ਦੀ ਟੀਮ ਤਾਲਮੇਲ ਅਤੇ ਸ਼ਾਨਦਾਰ ਹਿੱਟਾਂ ਨੇ ਦਰਸ਼ਕਾਂ ਦਾ ਧਿਆਨ ਖਿੱਚਿਆ। ਅੰਤ ਵਿੱਚ ਵਾਈਸ ਚਾਂਸਲਰ ਡਾ. ਗਿੱਲ ਨੇ ਜੇਤੂ ਖਿਡਾਰੀਆਂ ਨੂੰ ਵੱਖ ਵੱਖ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ।

## ਪ੍ਰਸ਼ਾਸਨ ਨਾਲ ਇੰਟਰਨਜ ਵਜੋਂ ਕੰਮ ਕਰਕੇ ਹਾਸਲ ਕੀਤਾ ਤਜਰਬਾ ਵਿਦਿਆਰਥੀਆਂ ਦੇ ਕਰੀਅਰ 'ਚ ਮੀਲ ਪੱਥਰ ਸਾਬਤ ਹੋਵੇਗਾ- ਡਾ. ਹਿਮਾਂਸ਼ੂ ਅਗਰਵਾਲ

### ਡਿਪਟੀ ਕਮਿਸ਼ਨਰ ਨੇ ਪਬਲਿਕ ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ ਦੇ ਪਹਿਲੇ ਬੈਚ ਦੇ ਇੰਟਰਨਜ ਨੂੰ ਸਰਟੀਫਿਕੇਟ ਤੇ ਵਧੀਆ ਕਾਰਗੁਜ਼ਾਰੀ ਲਈ ਦਿੱਤਾ ਨਗਦ ਇਨਾਮ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 25 ਸਤੰਬਰ:ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਰਹਿਨੁਮਾਈ ਹੇਠ ਚਲਾਇਆ ਗਿਆ 3 ਮਹੀਨਿਆਂ ਦਾ ਪਹਿਲਾ "ਪਬਲਿਕ ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ 2026" ਸਫ਼ਲਤਾ ਪੂਰਵਕ ਸਮਾਪਤ ਹੋ ਗਿਆ। ਚੁਣੇ ਗਏ ਇੰਟਰਨਜ ਨੂੰ "ਇੰਟਰਨਸ਼ਿਪ ਕੰਪਲੀਸ਼ਨ ਸਰਟੀਫਿਕੇਟ" ਅਤੇ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਗਰੁੱਪਾਂ ਨੂੰ ਨਗਦ ਇਨਾਮ ਵੰਡਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਨੂੰ ਹਾਸਲ ਹੋਇਆ ਇਹ ਪ੍ਰਸ਼ਾਸਨਿਕ ਤਜਰਬਾ ਇਨ੍ਹਾਂ ਦੇ ਕਰੀਅਰ ਵਿੱਚ ਮੀਲ ਪੱਥਰ ਸਾਬਤ ਹੋਵੇਗਾ। ਇਸ ਮੌਕੇ ਓ.ਐੱਸ.ਡੀ. ਸ਼ਹਿਰੀ ਵਿਕਾਸ ਮੁਕਿਲਨ ਆਰ ਵੀ ਮੌਜੂਦ ਸਨ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਇਸ ਪ੍ਰੋਗਰਾਮ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਪ੍ਰਸ਼ਾਸਨਿਕ ਕੰਮਕਾਜ, ਸਰਕਾਰੀ ਨੀਤੀਆਂ ਦੇ ਨਿਰਮਾਣ ਅਤੇ ਜ਼ਮੀਨੀ ਪੱਧਰ 'ਤੇ ਲੋਕ ਸੇਵਾ ਦੇ ਤਜਰਬੇ ਤੋਂ ਜਾਣੂ ਕਰਵਾਉਣਾ ਸੀ।ਪ੍ਰੋਗਰਾਮ ਦੌਰਾਨ 49 ਚੁਣੇ ਗਏ ਇੰਟਰਨਜ ਨੇ ਵੱਖ-ਵੱਖ 17 ਪ੍ਰਸ਼ਾਸਨਿਕ ਵਿਭਾਗਾਂ ਵਿੱਚ ਰਹਿ ਕੇ ਸੁਚੱਜੇ ਢੰਗ ਨਾਲ ਕੰਮ ਕੀਤਾ। ਇੰਟਰਨਾਂ ਦੁਆਰਾ ਤਿਆਰ ਕੀਤੀਆਂ ਗਈਆਂ ਪ੍ਰੋਜੈਕਟ ਰਿਪੋਰਟਾਂ ਦੇ ਆਧਾਰ 'ਤੇ ਕਰਵਾਈ ਗਈ ਫਾਈਨਲ ਪ੍ਰੈਜ਼ੈਂਟੇਸ਼ਨ ਤੋਂ ਬਾਅਦ, ਸਰਵੋਤਮ ਤਿੰਨ ਇੰਟਰਨਾਂ/ਗਰੁੱਪਾਂ ਦੀ ਚੋਣ ਕੀਤੀ ਗਈ, ਜਿਨ੍ਹਾਂ ਨੂੰ ਰੈੱਡ ਕਰਾਸ ਸੋਸਾਇਟੀ ਪਟਿਆਲਾ ਵੱਲੋਂ ਦਿੱਤੇ ਗਏ 31,000 ਰੁਪਏ ਦੇ ਨਗਦ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ।

ਡਿਪਟੀ ਕਮਿਸ਼ਨਰ ਨੇ ਸਾਰੇ ਇੰਟਰਨਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ ਅਤੇ ਆਸ ਪ੍ਰਗਟਾਈ ਕਿ ਉਹ ਇਸ ਸਮੇਂ ਦੌਰਾਨ ਸਿੱਖੇ ਕੰਮਾਂ ਨੂੰ ਸਮਾਜ ਦੀ ਬਿਹਤਰੀ ਲਈ ਵਰਤਣਗੇ। ਇਸ ਦੇ ਨਾਲ ਹੀ ਡਿਪਟੀ ਕਮਿਸ਼ਨਰ ਨੇ ਪੂਰੇ ਪ੍ਰੋਗਰਾਮ ਨੂੰ 3 ਮਹੀਨਿਆਂ ਤੱਕ ਸੁਚਾਰੂ ਢੰਗ ਨਾਲ ਚਲਾਉਣ ਅਤੇ ਵਧੀਆ ਤਾਲਮੇਲ ਬਣਾਏ ਰੱਖਣ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਡੀਬੀਈਈ) ਪਟਿਆਲਾ ਦੀ ਟੀਮ ਡਿਪਟੀ ਡਾਇਰੈਕਟਰ ਰਵਿੰਦਰ ਪਾਲ ਸਿੰਘ, ਡਿਪਟੀ ਸੀ.ਈ.ਓ. ਸਤਿੰਦਰ ਸਿੰਘ ਤੇ ਕਰੀਅਰ ਕੌਂਸਲਰ ਡਾ. ਰੂਪਸੀ ਪਾਹੂਜਾ ਦੀ ਉਚੇਚੇ ਤੌਰ 'ਤੇ ਪ੍ਰਸ਼ੰਸਾ ਕੀਤੀ।

## ਨੀਤੂ ਕਪੂਰ ਸਿੰਗਲਾ ਨੇ ਚੇਅਰਪਰਸਨ ਮਾਰਕਿਟ ਕਮੇਟੀ ਸਾਦਿਕ ਵਜੋਂ ਅਹੁਦਾ ਸੰਭਾਲਿਆ

### ਡਾ. ਬਲਜੀਤ ਕੌਰ, ਵਿਧਾਇਕ ਸੇਖੋਂ, ਬਲਤੇਜ ਸਿੰਘ ਪੰਨੂ, ਵਿਧਾਇਕ ਅਮੋਲਕ ਸਿੰਘ ਨੇ ਸਮੇਤ ਵੱਖ-ਵੱਖ ਆਗੂਆਂ ਨੇ ਕੀਤੀ ਸ਼ਿਰਕਤ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਫ਼ਰੀਦਕੋਟ/ਸਾਦਿਕ, 25 ਸਤੰਬਰ : ਨੀਤੂ ਕਪੂਰ ਸਿੰਗਲਾ ਨੇ ਅੱਜ ਕੈਬਨਿਟ ਮੰਤਰੀ ਡਾ. ਬਲਜੀਤ ਕੌਰ, ਵਿਧਾਇਕ ਗੁਰਦਿੱਤ ਸਿੰਘ ਸੇਖੋਂ, ਬਲਤੇਜ ਸਿੰਘ ਪੰਨੂ ਪੰਜਾਬ ਮੀਡੀਆ ਇੰਚਾਰਜ ਤੇ ਵਿਧਾਇਕ ਜੈਤੋ ਅਮੋਲਕ ਸਿੰਘ ਅਤੇ ਇਲਾਕੇ ਦੇ ਸਮੂਹ ਮੋਹਤਬਰ ਅਤੇ ਭਾਰੀ ਮਾਤਰਾ ਵਿੱਚ ਪਹੁੰਚੇ ਪ੍ਰਸ਼ੰਸ਼ਕਾ ਦੀ ਮੌਜੂਦਗੀ ਵਿੱਚ ਮਾਰਕਿਟ ਕਮੇਟੀ ਸਾਦਿਕ ਦੇ ਚੇਅਰਪਰਸਨ ਵਜੋਂ ਅਹੁਦਾ ਸੰਭਾਲਿਆ। ਇਸ ਮੌਕੇ ਸੁਖਵੀਰ ਸਿੰਘ ਸੁੱਖੀ ਓ.ਐਸ.ਡੀ. ਮੁੱਖ ਮੰਤਰੀ ਪੰਜਾਬ ਤੇ ਸ਼ਮਿੰਦਰ ਸਿੰਘ ਖਿੰਡਾ ਚੇਅਰਮੈਨ ਪੰਜਾਬ ਐਗਰੋ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਇਸ ਮੌਕੇ ਕੈਬਨਿਟ ਮੰਤਰੀ ਡਾ.ਬਲਜੀਤ ਕੌਰ ਨੇ ਨਵ ਨਿਯੁਕਤ ਚੇਅਰਮੈਨ ਨੂੰ ਵਧਾਈ ਦਿੱਤੀ ਅਤੇ ਇਸ ਖੁਸ਼ੀ ਦੇ ਮੌਕੇ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵੀ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਨੇ ਪਹਿਲੇ ਦਿਨ ਤੋਂ ਹੀ ਲੋਕ ਹਿੱਤ ਵਿੱਚ ਅਣਗਿਣਤ ਫੈਸਲੇ ਲੈ ਕੇ ਪੰਜਾਬ ਸਰਕਾਰ ਨੇ ਕੰਮ ਕੀਤੇ ਹਨ ਅਤੇ ਅੱਗੇ ਵੀ ਜਾਰੀ ਹਨ। ਬਲਤੇਜ ਸਿੰਘ ਪੰਨੂ ਸਟੇਟ ਸਕੱਤਰ ਪੰਜਾਬ ਅਤੇ ਪੰਜਾਬ ਮੀਡੀਆ ਇੰਚਾਰਜ ਆਪ ਨੇ ਵੀ ਨੀਤੂ ਕਪੂਰ ਸਿੰਗਲਾ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ। ਵਿਧਾਇਕ ਗੁਰਦਿੱਤ ਸਿੰਘ ਸੇਖੋਂ ਅਤੇ ਅਮੋਲਕ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਇਮਾਨਦਾਰ, ਮਿਹਨਤੀ ਅਤੇ ਵਫਾਦਾਰ ਵਲੰਟੀਅਰਾਂ ਨੂੰ ਮਾਣ-ਸਤਿਕਾਰ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਪੂਰਾ ਕਰਨ ਲਈ ਰੋਜ਼ਗਾਰ, ਸਿੱਖਿਆ, ਸਿਹਤ, ਬਿਜਲੀ ਆਦਿ ਨੂੰ ਆਪਣੀ ਮੁੱਖ ਤਰਜੀਹ ਬਣਾ ਕੇ ਪਾਰਦਰਸ਼ਤਾ ਤੇ ਇਮਾਨਦਾਰੀ ਨਾਲ ਪੰਜਾਬ ਦੀ ਸੇਵਾ ਕਰਦਿਆਂ ਰੰਗਲਾ ਪੰਜਾਬ ਬਣਾਉਣ ਦਾ ਤਹੱਈਆ ਕੀਤਾ ਹੈ।

ਨੀਤੂ ਕਪੂਰ ਸਿੰਗਲਾ ਨੇ ਕਿਹਾ ਕਿ ਪਾਰਟੀ ਨੇ ਉਨ੍ਹਾਂ ਦੀ ਵਫ਼ਾਦਾਰੀ ਅਤੇ ਮਿਹਨਤ ਦਾ ਮੁੱਲ ਪਾਇਆ ਹੈ। ਉਨ੍ਹਾਂ ਮੁੱਖ ਮੰਤਰੀ ਸ.ਭਗਵੰਤ ਮਾਨ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਪੂਰੀ ਮਿਹਨਤ ਨਾਲ ਮਾਰਕੀਟ ਕਮੇਟੀ ਦੇ ਕੰਮਾਂ ਨੂੰ ਪੂਰਾ ਕਰਨ ਦਾ ਭਰੋਸਾ ਦਿਵਾਇਆ। ਉਨ੍ਹਾਂ ਕਿਹਾ ਕਿ ਉਹ ਇਲਾਕੇ ਦੇ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਅਤੇ ਦਾਣਾ ਮੰਡੀਆਂ ਵਿਚ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਦਿਨ-ਰਾਤ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਵੀਰਪਾਲ ਕੌਰ, ਚੇਅਰਮੈਨ ਪਲਾਨਿੰਗ ਬੋਰਡ ਸ.ਗੁਰਤੇਜ ਸਿੰਘ ਖੋਸਾ, ਚੇਅਰਮੈਨ ਨਗਰ ਸੁਧਾਰ ਟਰੱਸਟ ਸ.ਗਗਨਦੀਪ ਸਿੰਘ ਧਾਲੀਵਾਲ, ਚੇਅਰਮੈਨ ਅਮਨਦੀਪ ਸਿੰਘ ਬਾਬਾ, ਐਡਵੋਕੇਟ ਬੀਰਇੰਦਰ ਸਿੰਘ, ਚੇਅਰਮੈਨ ਸ. ਧਰਮਜੀਤ ਸਿੰਘ ਰਾਮੇਆਣਾ, ਸ੍ਰੀ ਸੁਖਜੀਤ ਸਿੰਘ ਢਿੱਲਵਾਂ ਵਾਈਸ ਚੇਅਰਮੈਨ ਪੇਡਾ, ਸ੍ਰੀ ਰਜਿੰਦਰ ਸਿੰਘ ਰਿੰਕੂ, ਸੁਖਵੰਤ ਪੱਕਾ, ਗੁਰਸੇਵਕ ਸਿੰਘ, ਲਾਡੀ ਢੁੱਡੀ ਅਤੇ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।